Vigilance Bureau Punjab

# VIGILANCE BUREAU REGISTERS CASE AGAINST NAIB TEHSILDAR'S READER FOR DEMANDING RS 50,000 BRIBE

Chandigarh, May 25, 2024 - The Punjab Vigilance Bureau (VB), during its ongoing campaign against corruption in the state, has registered a corruption case against Rakesh Kumar, Reader to the Naib Tehsildar of Jaito, district Faridkot, for demanding a bribe of Rs 50,000.

Disclosing this here today, an official spokesperson of the state VB said this case has been registered aforementioned official based on an online complaint lodged by Sukhdev Singh, a resident of village Matta, tehsil Jaito, on the Chief Minister's Anti-Corruption Action Line portal.

He further informed that the complainant informed in his complaint that he had submitted an application to the Naib Tehsildar of Jaito for mutation of his land, which had been pending for a year. He had met the revenue officer, who asked him to contact his Reader to get dates for a personal visit to his land. The complainant further alleged that upon contacting Rakesh Kumar, he has demanded a bribe of Rs one lakh for visiting his land and then executing the mutation of land in his name. He further informed that after repeated requests, the deal was struck at Rs 50,000, of which Kumar asked for Rs 30,000 for the Tehsildar and Rs 20,000 for himself.

The spokesperson informed that during the investigation of this complaint, it was proven that the Reader has demanded a bribe of Rs 30,000 for the Tehsildar and Rs 20,000 for himself from the complainant for the aforementioned motive. Subsequently, a case under the Prevention of Corruption Act has been registered against the accused at the VB police station, Ferozepur range.

The VB has been hunting to arrest the accused who would be arrested soon and the role of the concerned Naib Tehsildar would also be investigated during the further probe.

----------

ਵਿਜੀਲੈਂਸ ਬਿਓਰੋ, ਪੰਜਾਬ

**50,000 ਰੁਪਏ ਦੀ ਰਿਸ਼ਵਤ ਮੰਗਣ ਵਾਲੇ ਨਾਇਬ ਤਹਿਸੀਲਦਾਰ ਦੇ ਰੀਡਰ ਖਿਲਾਫ ਵਿਜੀਲੈਂਸ ਬਿਊਰੋ ਵੱਲੋਂ ਕੇਸ ਦਰਜ**

ਚੰਡੀਗੜ, 25 ਮਈ, 2024 (ਫਤਿਹ ਪੰਜਾਬ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਜ਼ਿਲ੍ਹਾ ਫਰੀਦਕੋਟ ਦੀ ਤਹਿਸੀਲ ਜੈਤੋ ਦੇ ਨਾਇਬ ਤਹਿਸੀਲਦਾਰ ਦੇ ਰੀਡਰ ਰਾਕੇਸ਼ ਕੁਮਾਰ ਵਿਰੁੱਧ 50,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।

ਇਹ ਪ੍ਰਗਟਾਵਾ ਕਰਦਿਆਂ ਅੱਜ ਇੱਥੇ ਵਿਜੀਲੈਂਸ ਬਿਓਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਕਰਮਚਾਰੀ ਖਿਲਾਫ ਇਹ ਮੁਕੱਦਮਾ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਪਿੰਡ ਮੱਤਾ, ਤਹਿਸੀਲ ਜੈਤੋ ਦੇ ਵਸਨੀਕ ਸੁਖਦੇਵ ਸਿੰਘ ਵੱਲੋਂ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਨੇ ਆਪਣੀ ਜ਼ਮੀਨ ਦੇ ਇੰਤਕਾਲ ਲਈ ਜੈਤੋ ਦੇ ਨਾਇਬ ਤਹਿਸੀਲਦਾਰ ਨੂੰ ਇੱਕ ਸਾਲ ਪਹਿਲਾਂ ਦਰਖਾਸਤ ਦਿੱਤੀ ਸੀ, ਜੋ ਕਿ ਹਾਲੇ ਲਟਕ ਰਹੀ ਹੈ। ਇਸ ਬਾਰੇ ਜਦ ਉਹ ਉਕਤ ਮਾਲ ਅਧਿਕਾਰੀ ਨੂੰ ਮਿਲਿਆ ਤਾਂ ਉਸ ਨੇ ਸ਼ਿਕਾਇਤਕਰਤਾ ਦੀ ਜ਼ਮੀਨ ਦਾ ਮੌਕਾ ਦੇਖਣ ਖਾਤਰ ਤਰੀਕ ਲੈਣ ਲਈ ਆਪਣੇ ਰੀਡਰ ਨਾਲ ਸੰਪਰਕ ਕਰਨ ਲਈ ਕਿਹਾ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਜਦੋਂ ਉਸਨੇ ਰਾਕੇਸ਼ ਕੁਮਾਰ ਨਾਲ ਸੰਪਰਕ ਤਾਂ ਉਸ ਨੇ ਉਸ ਦੀ ਜ਼ਮੀਨ ਦਾ ਦੌਰਾ ਕਰਨ ਅਤੇ  ਜ਼ਮੀਨ ਦਾ ਇੰਤਕਾਲ ਉਸ ਦੇ ਨਾਂ ਉੱਤੇ ਦਰਜ ਕਰਨ ਬਦਲੇ ਇਕ ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਉਸਨੇ ਅੱਗੇ ਦੱਸਿਆ ਕਿ ਵਾਰ-ਵਾਰ ਬੇਨਤੀ ਕਰਨ 'ਤੇ ਸੌਦਾ 50,000 ਰੁਪਏ 'ਚ ਤੈਅ ਹੋਇਆ, ਜਿਸ 'ਚੋਂ ਰਾਕੇਸ਼ ਕੁਮਾਰ ਨੇ 30,000 ਰੁਪਏ ਤਹਿਸੀਲਦਾਰ ਲਈ ਅਤੇ 20,000 ਰੁਪਏ ਆਪਣੇ ਲਈ ਮੰਗੇ। ਸ਼ਿਕਾਇਤਕਰਤਾ ਨੇ

ਉਕਤ ਰੀਡਰ ਨਾਲ ਰਿਸ਼ਵਤ ਦੇਣ ਬਾਰੇ ਹੋਈ ਗੱਲਬਾਤ ਰਿਕਾਰਡ ਕਰ ਲਈ ਜੋ ਉਸਨੇ ਸਬੂਤ ਵਜੋਂ ਬਿਉਰੋ ਨੂੰ ਸੌਂਪ ਦਿੱਤੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਸਿੱਧ ਹੋਇਆ ਕਿ ਮੁਲਜ਼ਮ ਰੀਡਰ ਨੇ ਉਪਰੋਕਤ ਮਕਸਦ ਲਈ ਸ਼ਿਕਾਇਤਕਰਤਾ ਤੋਂ ਤਹਿਸੀਲਦਾਰ ਲਈ 30,000 ਰੁਪਏ ਅਤੇ ਆਪਣੇ ਲਈ 20,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਹੈ। ਇਸ ਤੋਂ ਬਾਅਦ ਮੁਲਜ਼ਮ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੇ ਤਹਿਤ ਵਿਜੀਲੈਂਸ ਬਿਉਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

ਵਿਜੀਲੈਂਸ ਵੱਲੋਂ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਜਿਨ੍ਹਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਅਤੇ ਜਾਂਚ ਦੌਰਾਨ ਸਬੰਧਤ ਨਾਇਬ ਤਹਿਸੀਲਦਾਰ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

---------------